# ਸ. ਦਿਲਰਾਜ ਸਿੰਘ ਨੇ ਮੋਗਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

- **ਪੁਲੀਸ ਦੀ ਗਾਰਦ ਵੱਲੋਂ 'ਗਾਰਡ ਆਫ਼ ਆਨਰ' ਕੀਤਾ ਗਿਆ ਪੇਸ਼**
- **ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਨਿਪਟਾਉਣ ਲਈ ਕਿਹਾ**

ਮੋਗਾ 16 ਮਈ:

ਸ. ਦਿਲਰਾਜ ਸਿੰਘ ਆਈ.ਏ.ਐਸ. ਨੇ ਅੱਜ ਮੋਗਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਵਿਸ਼ੇਸ਼ ਸਕੱਤਰ ਰੈਵੇਨਿਊ ਦੇ ਨਾਲ ਡਾਇਰੈਕਟਰ ਲੈਂਡ ਰਿਕਾਰਡ ਵਜੋਂ ਤਾਇਨਾਤ ਸਨ। ਸ. ਦਿਲਰਾਜ ਸਿੰਘ ਨੇ 1992 'ਚ ਪੀ.ਸੀ.ਐਸ ਅਧਿਕਾਰੀ ਵਜੋ ਅੰਮ੍ਰਿਤਸਰ ਜ਼ਿਲ੍ਹੇ 'ਚ ਬਤੌਰ ਕਾਰਜਕਾਰੀ ਮੈਜਿਸਟ੍ਰੇਟ ਆਪਣੀ ਸੇਵਾ ਆਰੰਭ ਕੀਤੀ। ਆਪ ਨੇ ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਮਾਨਸਾ ਸਮੇਤ ਅਨੇਕਾਂ ਅਹੁਦਿਆਂ 'ਤੇ ਕੰਮ ਕੀਤਾ ਅਤੇ ਸਾਲ 2006 'ਚ ਆਈ.ਏ.ਐਸ ਵਜੋ ਪਦ-ਉੱਨਤ ਹੋਏ।

ਸ. ਦਿਲਰਾਜ ਸਿੰਘ ਨੂੰ ਅੱਜ ਜ਼ਿਲ੍ਹਾ ਪ੍ਰਸ਼ਾਸ਼ਕੀ ਕੰਪਲੈਕਸ ਵਿਖੇ ਪੁੱਜਣ 'ਤੇ ਪੁਲੀਸ ਦੀ ਗਾਰਦ ਵੱਲੋਂ 'ਗਾਰਡ ਆਫ਼ ਆਨਰ' ਪੇਸ਼ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦਾ ਸਵਾਗਤ ਕਰਨ ਵਾਲਿਆਂ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਜੇ ਕੁਮਾਰ ਸੂਦ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿਸ਼ੀਪਾਲ ਸਿੰਘ, ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਗੁਰਵਿੰਦਰ ਸਿੰਘ ਜੌਹਲ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਐਸ.ਡੀ.ਐਮ ਬਾਘਾਪੁਰਾਣਾ ਹਰਪ੍ਰੀਤ ਸਿੰਘ ਅਟਵਾਲ, ਐਸ.ਡੀ.ਐਮ ਨਿਹਾਲ ਸਿੰਘ ਵਾਲਾ ਸੁਖਹਰਪ੍ਰੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਮੈਡਮ ਸਵਿਤਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਰਾਵਿੰਦਰਪਾਲ ਸਿੰਘ ਸੰਧੂ, ਜ਼ਿਲ੍ਹਾ ਭਲਾਈ ਅਫ਼ਸਰ ਹਰਪਾਲ ਸਿੰਘ ਗਿੱਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਤਹਿਸੀਲਦਾਰ/ਨਾਇਬ ਤਹਿਸੀਲਦਾਰ ਅਤੇ ਡਿਪਟੀ ਕਮਿਸ਼ਨਰ ਦਫਤਰ ਦੇ ਕਰਮਚਾਰੀ ਸ਼ਾਮਲ ਸਨ।

ਇਸ ਉਪਰੰਤ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਨੇ ਹਾਜ਼ਰ ਅਧਿਕਾਰੀਆਂ ਪਾਸੋਂ ਜਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਮਿਥੇ ਸਮੇਂ ਅੰਦਰ ਮੁਕੰਮਲ ਕਰਨ ਅਤੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਨਿਪਟਾਉਣ ਲਈ ਕਿਹਾ। ਉਨ੍ਹਾਂ ਅਧਿਕਾਰੀਆਂ ਨੂੰ ਡਿਊਟੀ ਮਿਹਨਤ, ਲਗਨ ਤੇ ਤਨਦੇਹੀ ਨਾਲ ਨਿਭਾਉਣ ਲਈ ਵੀ ਪ੍ਰੇਰਿਤ ਕੀਤਾ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਜੇ ਕੁਮਾਰ ਸੂਦ ਨੇ ਉਨ੍ਹਾਂ ਨੂੰ ਜ਼ਿਲ੍ਹੇ ਦੇ ਸਮੁੱਚੇ ਅਧਿਕਾਰੀਆਂ ਵੱਲੋਂ ਹਰ ਖੇਤਰ 'ਚ ਪੂਰਨ ਸਹਿਯੋਗ ਦੇਣ ਦਾ ਵਿਸ਼ਵਾਸ਼ ਦਿਵਾਇਆ।

---------------

ਨੰ: ਪੀ.ਆਰ(ਪ੍ਰੈ ਰੀ)2017/265

**ਫ਼ੋਟੋ ਕੈਪਸ਼ਨ** (1) : ਸ. ਦਿਲਰਾਜ ਸਿੰਘ ਮੋਗਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਦੇ ਹੋਏ।

**ਫ਼ੋਟੋ ਕੈਪਸ਼ਨ** (2-3) : ਸ. ਦਿਲਰਾਜ ਸਿੰਘ ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹਾ ਪ੍ਰਸ਼ਾਸ਼ਕੀ ਕੰਪਲੈਕਸ ਵਿਖੇ ਪੁੱਜਣ 'ਤੇ ਪੰਜਾਬ ਪੁਲੀਸ ਦੇ ਜਵਾਨ 'ਗਾਰਡ ਆਫ਼ ਆਨਰ' ਪੇਸ਼ ਕਰਦੇ ਹੋਏ

**ਫ਼ੋਟੋ ਕੈਪਸ਼ਨ** (4-5) ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਹਾਜ਼ਰ ਅਧਿਕਾਰੀਆਂ ਪਾਸੋਂ ਜਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕਰਦੇ ਹੋਏ।









